# ਦਫ਼ਤਰ ਸਮਗਰਾ ਸਿੱਖਿਆ ਅਭਿਆਨ ਅਥਾਰਟੀ, ਫ਼ਤਹਿਗੜ੍ਹ ਸਾਹਿਬ -ਕਮ -
# ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), ਫ਼ਤਹਿਗੜ੍ਹ ਸਾਹਿਬ।

ਕਮਰਾ ਨੰ. 412, ਤੀਜੀ ਮੰਜ਼ਿਲ, ਪ੍ਰਬੰਧਕੀ ਕੰਪਲੈਕਸ, ਫ਼ਤਹਿਗੜ੍ਹ ਸਾਹਿਬ, ਈਮੇਲ deoee.fatehgarhsahib@punjabeducation.gov.in

ਵੱਲ

ਮੈਨੇਜਰ/ਪ੍ਰਿੰਸੀਪਲ,
ਸੇਂਟ ਜੇਵੀਅਰ ਸਕੂਲ,
ਭੱਦਲਥੂਹਾ, ਅਮਲੋਹ, ਜਿਲ੍ਹਾ ਫਤਹਿਗੜ੍ਹ ਸਾਹਿਬ।
(03080202404)

ਪੱਤਰ ਨੰ: ਆਰ.ਟੀ.ਈ./ਮਾਨਤਾ/2021/28185 ਮਿਤੀ: 18/08/2021

ਵਿਸ਼ਾ: "ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ 2010 ਦੀ ਧਾਰਾ 18 ਦੇ ਮੰਤਵ ਲਈ" ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ ਨਿਯਮ 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਆਪ ਜੀ ਦੇ ਸਕੂਲ ਨੂੰ ਮਾਨਤਾ ਸਰਟੀਫ਼ਿਕੇਟ ਦੇਣ ਸਬੰਧੀ।

ਸ੍ਰੀਮਾਨ/ਸ੍ਰੀਮਤੀ ਜੀ,

ਆਪ ਜੀ ਦੀ ਪ੍ਰਤੀਬੇਨਤੀ ਅਤੇ ਆਪ ਵਲੋਂ ਦਿੱਤੀ ਗਈ ਸਵੈ-ਘੋਸ਼ਣਾ ਦੇ ਆਧਾਰ ਤੇ ਉਪਰੋਕਤ ਅਨੁਸਾਰ ਸਕੂਲ ਨੂੰ ਜਮਾਤ ਪਹਿਲੀ ਤੋ ਜਮਾਤ ਅੱਠਵੀਂ ਤੱਕ ਮਾਨਤਾ ਹੇਠ ਲਿਖੀਆ ਸ਼ਰਤਾ ਦੇ ਅਧਾਰ ਤੇ ਦਿੱਤੀ ਜਾਂਦੀ ਹੈ:-

ਉਪਰੋਕਤ ਮਾਨਤਾ ਹੇਠ ਦਿੱਤੀਆਂ ਸ਼ਰਤਾਂ ਦੇ ਅਧਾਰ ਤੇ ਹੈ:

1) ਉਕਤ ਮਾਨਤਾ ਆਪ ਦੁਆਰਾ ਦਿੱਤੀ ਗਈ ਸਵੈ-ਘੋਸ਼ਣਾ ਦੇ ਆਧਾਰ ਤੇ ਹੈ, ਜੇਕਰ ਸਵੈ-ਘੋਸ਼ਣਾ ਵਿੱਚ ਦਰਜ਼ ਮੱਦਾਂ ਵਿਚੋਂ ਕੋਈ ਮੱਦ ਗਲਤ ਜਾਂ ਝੂਠੀ ਪਾਈ ਜਾਂਦੀ ਹੈ ਤਾਂ ਇਹ ਮਾਨਤਾ ਬਿਨਾਂ ਨੋਟਿਸ ਦਿੱਤਿਆਂ ਰੱਦ ਕਰ ਦਿੱਤੀ ਜਾਵੇਗੀ ।

2) ਮਾਨਤਾ ਦੀ ਪ੍ਰਵਾਨਗੀ ਵਾਧੇ ਯੋਗ ਨਹੀ ਹੈ ਅਤੇ ਕਿਸੇ ਵੀ ਹਾਲਤ ਵਿੱਚ ਅੱਠਵੀ ਜਮਾਤ ਤੋਂ ਅੱਗੇ ਦੀ ਮਾਨਤਾ/ਐਫੀਲੀਏਸ਼ਨ ਤੇ ਲਾਗੂ ਨਹੀ ਹੁੰਦੀ।

3) ਸਕੂਲ ਆਰ.ਟੀ.ਈ. ਐਕਟ, 2009 ਅਧੀਨ ਐਕਟ ਦੀ ਧਾਰਾ 19 ਅਤੇ 25 ਅਨੁਸਾਰ ਬਣੀ ਸਾਰਣੀ ਅਤੇ ਪੰਜਾਬ ਆਰ.ਟੀ.ਈ. ਨਿਯਮ 2011 ਦੇ ਫਾਰਮ II (See sub rule (4) of 11) ਵਿੱਚ ਦਰਜ ਸ਼ਰਤਾਂ ਅਤੇ ਸਕੂਲ ਵੱਲੋਂ ਦਿੱਤੇ ਸਵੈ ਘੋਸ਼ਣ ਦੀ ਪਾਲਣਾ ਲਈ ਪ੍ਰਤੀਬੱਧ ਰਹੇਗਾ।

4) ਸਕੂਲ ਕੋਈ ਕੈਪੀਟੇਸ਼ਨ ਫ਼ੀਸ ਨਹੀ ਲਵੇਗਾ ਅਤੇ ਬੱਚੇ ਜਾਂ ਉਸਦੇ ਮਾਤਾ ਪਿਤਾ ਜਾਂ ਉਸੇ ਦੇ ਸਰਪ੍ਰਸਤਾਂ ਨੂੰ ਕਿਸੇ ਛਾਂਟੀ ਪ੍ਰਕਿਰਿਆਂ ਵਿੱਚ ਨਹੀ ਪਾਏਗਾ।

5) ਸਕੂਲ ਕਿਸੇ ਬੱਚੇ ਨੂੰ ਹੇਠ ਲਿਖੇ ਕਾਰਨਾਂ ਕਰਕੇ ਦਾਖ਼ਲਾ ਦੇਣ ਤੋ ਇਨਕਾਰ ਨਹੀ ਕਰੇਗਾ:

ੳ) ਕਿਸੇ ਬੱਚੇ ਦਾ ਉਮਰ ਦਾ ਸਬੂਤ ਨਾ ਹੋਣਾ।

ਅ) ਕਿਸੇ ਵੀ ਬੱਚੇ ਦੁਆਰਾ ਵਧਾਏ ਗਏ ਸਮੇਂ ਵਿੱਚ ਜਾਂ ਵਧਾਏ ਗਏ ਸਮੇਂ ਤੋ ਬਾਅਦ ਦਾਖ਼ਲਾ ਮੰਗਣ ਜਾਂ

ੲ) ਧਰਮ, ਜਾਤ, ਨਸਲ ਜਾਂ ਜਨਮ ਸਥਾਨ ਜਾਂ ਇਹਨਾਂ ਵਿਚੋ ਕਿਸੇ ਵੀ ਕਾਰਨ।

6) ਸਕੂਲ ਇਹ ਯਕੀਨੀ ਬਣਾਏਗਾ ਕਿ:

ੳ) ਦਾਖ਼ਲ ਕੀਤੇ ਕਿਸੇ ਵੀ ਬੱਚੇ ਨੂੰ ਸਕੂਲ ਵਿੱਚ ਮੁੱਢਲੀ ਸਿੱਖਿਆ ਪੂਰੀ ਹੋਣ ਤੋ ਪਹਿਲਾਂ ਸਕੂਲੋਂ ਕੱਢਿਆ ਨਹੀ ਜਾਵੇਗਾ।

ਅ) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਦਾ ਭਾਗੀ ਨਹੀ ਬਣਾਇਆ ਜਾਵੇਗਾ।

ੲ) ਮੁੱਢਲੀ ਸਿੱਖਿਆ ਪੂਰੀ ਹੋਣ ਤੱਕ ਬੱਚੇ ਨੂੰ ਬੋਰਡ ਦੀ ਕੋਈ ਵੀ ਪ੍ਰੀਖਿਆ ਪਾਸ ਕਰਨ ਦੀ ਲੋੜ ਨਹੀ ਹੋਵੇਗੀ।

ਸ) ਮੁੱਢਲੀ ਸਿੱਖਿਆ ਸੰਪੂਰਨ ਕਰਨ ਵਾਲੇ ਹਰ ਬੱਚੇ ਨੂੰ ਨਿਯਮ 21 ਅਨੁਸਾਰ ਇੱਕ ਪ੍ਰਮਾਣ ਪੱਤਰ ਪ੍ਰਦਾਨ ਕੀਤਾ ਜਾਵੇਗਾ।

ਹ) ਐਕਟ ਦੇ ਉਪਬੰਧਾਂ ਅਨੁਸਾਰ ਅਪੰਗ/ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸਮੂਲੀਅਤ ਕੀਤੀ ਜਾਵੇਗੀ।

ਕ) ਐਕਟ ਦੀ ਧਾਰਾ 23 ਦੇ ਉਪਨਿਯਮ (1) ਅਨੁਸਾਰ ਘੱਟੋ-ਘੱਟ ਵਿੱਦਿਅਕ ਯੋਗਤਾਵਾਂ ਪੂਰੀਆਂ ਕਰਦੇ ਅਧਿਆਪਕ ਹੀ ਨਿਯੁਕਤ ਕੀਤੇ ਜਾਣਗੇ।ਪਰ ਉਹ ਅਧਿਆਪਕ ਜੋ ਐਕਟ ਦੇ ਲਾਗੂ ਹੋਣ ਸਮੇਂ ਘੱਟੋ-ਘੱਟ ਯੋਗਤਾਵਾਂ ਪੂਰੀਆਂ ਨਹੀ ਕਰਦੇ, ਉਹ ਐਕਟ ਦੇ ਲਾਗੂ ਹੋਣ ਦੀ ਮਿਤੀ ਤੋ ਪੰਜ ਸਾਲ ਦੇ ਸਮੇਂ ਵਿੱਚ ਅਜਿਹੀਆਂ ਯੋਗਤਾਵਾਂ ਪ੍ਰਾਪਤ ਕਰਨਗੇ।

ਖ) ਅਧਿਆਪਕ ਐਕਟ ਦੀ ਧਾਰਾ 24 ਦੇ ਉਪਨਿਯਮ (1) ਵਿੱਚ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ ਅਤੇ

7) ਸਕੂਲ ਉਚਿਤ ਅਥਾਰਟੀ ਦੁਆਰਾ ਨਿਰਧਾਰਿਤ ਵਿਸ਼ਿਆਂ ਦੇ ਅਧਾਰ ਤੇ ਪਾਠਕ੍ਰਮ ਨੂੰ ਅਪਨਾਏਗਾ।

8) ਸਕੂਲ ਦੇ ਇਸ ਨਾਂ ਤੇ ਸਕੂਲ ਦੀ ਇਮਾਰਤ ਦੇ ਅੰਦਰ ਜਾਂ ਬਾਹਰ ਕੋਈ ਗੈਰ ਮਾਨਤਾ ਪ੍ਰਾਪਤ ਜਮਾਤਾਂ ਨਹੀ ਚਲਾਈਆਂ ਜਾਣਗੀਆਂ।

9) ਸਕੂਲ ਭਵਨ ਜਾਂ ਹੋਰ ਢਾਂਚਾ ਜਾਂ ਮੈਦਾਨ ਸਿਰਫ਼ ਪੜ੍ਹਾਈ ਅਤੇ ਯੋਗਤਾ ਵਿਕਾਸ ਲਈ ਵਰਤੇ ਜਾਣਗੇ।

10) ਸਕੂਲ ਸੁਸਾਇਟੀ ਰਜਿਸਟਰੇਸ਼ਨ ਐਕਟ, 1860 (ਐਕਟ ਨੰਬਰ 21, 1960) ਅਧੀਨ ਰਜਿਸਟਰ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ-ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਥਾਪਿਤ ਟਰਸਟ ਦੁਆਰਾ ਚਲਾਇਆ ਜਾ ਰਿਹਾ ਹੈ।

11) ਸਕੂਲ ਕਿਸੇ ਵਿਅਕਤੀ, ਸਮੂਹ ਜਾਂ ਵਿਅਕਤੀ ਸਮੂਹਾਂ ਜਾਂ ਕਿਸੇ ਹੋਰ ਦੇ ਨਿੱਜੀ ਲਾਭ ਲਈ ਨਹੀ ਚਲਾਇਆ ਜਾ ਰਿਹਾ ਹੈ।

12) ਸਕੂਲ ਦਾ ਲੇਖਾ ਕਿਸੇ ਚਾਰਟਿਡ/ਲੇਖਾਕਾਰ ਦੁਆਰਾ ਆਡਿਟ ਅਤੇ ਪ੍ਰਮਾਣਿਤ ਕੀਤਾ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀਆਂ ਉਚਿਤ ਸਟੇਟਮੈਂਟਾਂ ਤਿਆਰ ਕੀਤੀਆਂ ਜਾਣਗੀਆਂ।

13) ਸਕੂਲ ਸਮੇਂ-ਸਮੇਂ ਤੇ ਡਾਇਰੈਕਟਰ ਸਕੂਲ ਐਜੂਕੇਸ਼ਨ ਜਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਲੋੜੀਂਦੀ ਸੂਚਨਾ ਅਤੇ ਜਾਣਕਾਰੀ ਉਪਲੱਬਧ ਕਰਵਾਏਗਾ ਅਤੇ ਰਾਜ ਸਰਕਾਰ ਸਥਾਨਕ ਅਥਾਰਟੀ ਵੱਲੋਂ

ਸਕੂਲ ਦੀ ਮਾਨਤਾ ਨੂੰ ਬਣਾਏ ਰੱਖਣ ਲਈ ਲੋੜੀਂਦੀਆਂ ਸ਼ਰਤਾਂ ਜਾਂ ਸਕੂਲ ਸੰਚਾਲਣ ਦੀਆਂ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਹਦਾਇਤਾਂ ਦੀ ਪਾਲਣਾ ਕਰੇਗਾ।

14) ਸੋਸਾਇਟੀ ਦੀ ਰਜਿਸਟਰੇਸ਼ਨ ਦਾ ਨਵੀਨੀਕਰਨ, ਜੇ ਜ਼ਰੂਰੀ ਹੋਵੇ, ਯਕੀਨੀ ਬਣਾਇਆ ਜਾਵੇ।

15) ਇਹ ਮਾਨਤਾ ਸਕੂਲ ਵਲੋਂ ਆਰ.ਟੀ.ਈ ਐਕਟ 2009 ਅਤੇ ਪੰਜਾਬ ਬੱਚਿਆਂ ਦਾ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦਾ ਅਧਿਕਾਰ ਐਕਟ ਨਿਯਮ 2011 ਦੇ ਨਿਯਮਾਂ ਅਤੇ ਉਪਬੰਧਾਂ ਦੀ ਪਾਲਣਾ ਤੇ ਆਧਾਰਿਤ ਹੋਵੇਗੀ।

16) ਸਕੂਲ ਦਫ਼ਤਰ ਕੋਲ ਜਮ੍ਹਾ ਕਰਵਾਏ ਬਿਲਡਿੰਗ ਅਤੇ ਫਾਇਰ ਸੇਫਟੀ ਸਰਟੀਫਿਕੇਟਸ ਦੀ ਵੈਧਤਾ ਖਤਮ ਹੋਣ ਉਪਰੰਤ ਉਨ੍ਹਾਂ ਨੂੰ ਰਨੀਊ ਕਰਵਾ ਕੇ ਇਸ ਦਫ਼ਤਰ ਵਿਖੇ ਜਮ੍ਹਾਂ ਕਰਵਾਉਣ ਲਈ ਪਾਬੰਦ ਹੋਵੇਗਾ।

17) ਜੇਕਰ ਨਿਰੀਖਣ ਦੌਰਾਨ ਕਿਸੇ ਵੀ ਸਕੂਲ ਦਾ ਬਿਲਡਿੰਗ ਅਤੇ ਫਾਇਰ ਸੇਫਟੀ ਸਰਟੀਫਿਕੇਟ ਅਵੈਧ ਜਾਂ ਬਿਨ੍ਹਾਂ ਰੀਨੀਊ ਪਾਇਆ ਗਿਆ ਤਾਂ ਉਸ ਸਕੂਲ ਵਿਰੁੱਧ ਨਿਯਮਾਂ ਅਨੁਸਾਰ ਕਰਵਾਈ ਕੀਤੀ ਜਾਵੇਗੀ।

18) ਉਕਤ ਸ਼ਰਤਾਂ ਤੋਂ ਬਿਨ੍ਹਾਂ ਮੁੱਖ ਦਫ਼ਤਰ ਤੋਂ ਜੋ ਕੋਈ ਹੋਰ ਆਰ.ਟੀ.ਈ. ਐਕਟ ਦੇ ਅਧੀਨ ਕੋਈ ਸ਼ਰਤ ਲਗਾਈ ਜਾਂਦੀ ਹੈ ਤਾਂ ਉਹ ਆਪ ਪੂਰਾ ਕਰਨ ਦੇ ਪਾਬੰਦ ਹੋਵੋਗੇ, ਪੂਰੀ ਨਾ ਕਰਨ ਦੀ ਸੂਰਤ ਵਿੱਚ ਆਪ ਦੀ ਮਾਨਤਾ ਰੱਦ ਸਮਝੀ ਜਾਵੇਗੀ।

19) ਮਾਨਤਾ ਦੇ ਸਬੰਧ ਵਿੱਚ ਨਿਯਮਾਂ ਅਨੁਸਾਰ ਜੋ ਵੀ ਲੋੜੀਂਦੀ ਫੀਸ ਕਿਸੇ ਪੱਧਰ ਤੇ ਭਰਨ ਦੀ ਲੋੜ ਪੈਂਦੀ ਹੈ ਤਾਂ ਆਪ ਉਹ ਫੀਸ ਭਰਨ ਦੇ ਪਾਬੰਧ ਹੋਵੋਗੇ।

ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
ਫ਼ਤਹਿਗੜ੍ਹ ਸਾਹਿਬ।

ਪਿੱਠ ਅੰਕਣ ਨੰ. ਆਰ.ਟੀ.ਈ./ਮਾਨਤਾ/2021/ ਉਕਤ ਮਿਤੀ 18/08/2021

ਉਪਰੋਕਤ ਦਾ ਉਤਾਰਾ ਸਬੰਧਤ ਬੀ.ਪੀ.ਈ.ਓ. ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਜਿਲ੍ਹਾ ਸਿੱਖਿਆ ਅਫਸਰ (ਐ.ਸਿ.)
ਫ਼ਤਹਿਗੜ੍ਹ ਸਾਹਿਬ।